ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਜ਼ਿਲ੍ਹਾ ਫਤਹਿਗੜ੍ਹ ਸਾਹਿਬ ਹੋਇਆ ਕੋਰੋਨਾ ਮੁਕਤ: ਸਿਵਲ ਸਰਜਨ

ਜ਼ਿਲ੍ਹੇ ਸਬੰਧੀ ਕੋਰੋਨਾ ਦੇ ਆਖਰੀ ਮਰੀਜ਼ ਨੂੰ ਗਿਆਨ ਸਾਗਰ ਹਸਪਤਾਲ 'ਚੋਂ ਕੀਤਾ ਡਿਸਚਾਰਜ

ਫ਼ਤਹਿਗੜ੍ਹ ਸਾਹਿਬ, 23 ਮਈ :

ਸਿਵਲ ਸਰਜਨ ਡਾ. ਐਨ.ਕੇ. ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹੇ ਸਬੰਧੀ ਹੁਣ ਤੱਕ ਸਾਹਮਣੇ ਆਏ ਕੋਰੋਨਾ ਪਾਜ਼ੇਟਿਵ ਮਰੀਜ਼ਾਂ ਵਿੱਚੋਂ ਆਖਰੀ ਮਰੀਜ਼ ਦੇ ਗਿਆਨ ਸਾਗਰ ਹਸਪਤਾਲ, ਬਨੂੜ ਵਿੱਚੋਂ ਡਿਸਚਾਰਜ ਹੋਣ ਨਾਲ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਕੋਰੋਨਾ ਮੁਕਤ ਹੋ ਗਿਆ ਹੈ I

ਫ਼ਤਹਿਗੜ੍ਹ ਸਹਿਬ ਜ਼ਿਲ੍ਹੇ ਨਾਲ ਸਬੰਧਤ 57 ਵਿਅਕਤੀ ਕੋਰੋਨਾ ਵਾਇਰਸ ਨਾਲ ਪੀੜਤ ਸਨ ਤੇ 56 ਮਰੀਜ਼ ਪਹਿਲਾਂ ਹੀ ਕੋਰੋਨਾ ਨੂੰ ਮਾਤ ਦੇ ਚੁੱਕੇ ਸਨ ਤੇ ਅੱਜ ਰਹਿੰਦੇ 01 ਮਰੀਜ਼ ਨੂੰ ਵੀ ਡਿਸਚਾਰਜ ਕਰ ਦਿੱਤਾ ਗਿਆ ਹੈ।

ਡਾ. ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਹੁਣ ਤੱਕ ਕੋਰੋਨਾ ਸਬੰਧੀ 3003 ਸੈਂਪਲ ਲਏ ਗਏ ਹਨ, ਜਿਨ੍ਹਾਂ ਵਿਚੋਂ 2741 ਨੈਗੇਟਿਵ ਆਏ ਹਨ I ਉਨ੍ਹਾਂ ਜ਼ਿਲ੍ਹੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਸਿਹਤ ਵਿਭਾਗ ਵੱਲੋਂ ਕੋਰੋਨਾ ਵਾਇਰਸ ਤੋਂ ਬਚਾਅ ਹਿੱਤ ਦੱਸੀਆਂ ਸਾਵਧਾਨੀਆਂ ਦੀ ਪਾਲਣਾ ਯਕੀਨੀ ਬਣਾਈ ਜਾਵੇ।

ਦਫਤਰ ਜ਼ਿਲ੍ਹਾ ਲੋਕ ਸੰਪਰਕ, ਫਤਹਿਗੜ੍ਹ ਸਾਹਿਬ

ਪਿੰਡ ਚਨਾਰਥਲ ਕਲਾਂ ਦਾ ਕੀਤਾ ਜਾ ਰਿਹਾ ਹੈ ਮਿਸਾਲੀ ਵਿਕਾਸ : ਨਾਗਰਾ

ਡਾਕਖਾਨੇ ਤੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤੱਕ ਜਾਂਦੀ ਸੜਕ 'ਤੇ ਇੰਟਰਲਾਕ ਟਾਇਲਾਂ ਲਾਉਣ ਦੇ ਕੰਮ ਦਾ ਲਿਆ ਜਾਇਜ਼ਾ

ਫਤਹਿਗੜ੍ਹ ਸਾਹਿਬ, 23 ਮਈ

ਪਿੰਡ ਚਨਾਰਥਲ ਕਲਾਂ ਵਿਖੇ ਡਾਕਖਾਨੇ ਤੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤੱਕ ਜਾਂਦੀ ਸੜਕ 'ਤੇ ਇੰਟਰਲਾਕ ਟਾਇਲਾਂ ਲਾਉਣ ਦੇ ਕੰਮ ਦਾ ਜਾਇਜ਼ਾ ਲੈਣ ਮੌਕੇ ਹਲਕਾ ਵਿਧਾਇਕ ਸ.ਕੁਲਜੀਤ ਸਿੰਘ ਨਾਗਰਾ ਨੇ ਦੱਸਿਆ ਕਿ ਇਹ ਸੜਕ ਪਿੰਡ ਦੀ ਪ੍ਰਮੁੱਖ ਸੜਕ ਹੈ, ਜਿਸ ਉੱਤੇ ਸਬ ਤਹਿਸੀਲ ਤੇ ਹਸਪਤਾਲ ਸਥਿਤ ਹੈ ਤੇ ਇਸ ਨੂੰ 18 ਫੁੱਟ ਤੋਂ 24 ਫੁੱਟ ਚੌੜਾ ਕੀਤਾ ਜਾ ਰਿਹਾ ਹੈI ਉਨ੍ਹਾਂ ਦੱਸਿਆ ਕਿ ਕੋਰੋਨਾ ਕਾਰਨ ਪੈਦਾ ਹੋਏ ਹਲਾਤ ਦੇ ਮੱਦੇਨਜ਼ਰ ਵਿਕਾਸ ਕਾਰਜ ਰੁਕੇ ਸਨ, ਜੋ ਕਿ ਹੁਣ ਮੁੜ ਸ਼ੁਰੂ ਹੋ ਗਏ ਹਨ I

ਇੰਟਰਲਾਕ ਟਾਇਲਾਂ ਲਾਉਣ ਦੇ ਕਾਰਜ ਨਾਲ ਲੋਕਾਂ ਦੀ ਬਹੁਤ ਪੁਰਾਣੀ ਮੰਗ ਪੂਰੀ ਹੋ ਰਹੀ ਹੈ। ਇਸ ਰਸਤੇ ਵਿੱਚ ਬਰਸਤਾਂ ਦੇ ਦਿਨਾਂ ਦੌਰਾਨ ਪਾਣੀ ਖੜ੍ਹਨ ਕਾਰਨ ਲੋਕਾਂ ਨੂੰ ਸਮੱਸਿਆ ਆਉਂਦੀ ਸੀ। ਉਨ੍ਹਾਂ ਇਹ ਵੀ ਕਿਹਾ ਕਿ ਇਹ ਇਲਾਕਾ ਇਮਾਨਦਾਰ ਸ਼ਖ਼ਸੀਅਤ ਮਰਹੂਮ ਜਥੇਦਾਰ ਗੁਰਚਰਨ ਸਿੰਘ ਟੌਹੜਾ ਨਾਲ ਸਬੰਧਤ ਸੀ ਪਰ ਪਿਛਲੀ ਸਰਕਾਰ ਨੇ ਇਸ ਇਲਾਕੇ ਨੂੰ ਬਿਲਕੁਲ ਅਣਗੌਲਿਆ ਕੀਤਾ। ਹਲਕਾ ਵਿਧਾਇਕ ਨੇ ਕਿਹਾ ਕਿ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਆਉਣ ਤੋਂ ਬਾਅਦ ਹੀ ਸਮੁੱਚੇ ਹਲਕੇ ਸਮੇਤ ਇਸ ਇਲਾਕੇ ਦਾ ਲਗਾਤਾਰ ਵਿਕਾਸ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿਹਾ ਕਿ ਲੰਮੇ ਸਮੇਂ ਤੋਂ ਚਲਦੀ ਆ ਰਹੀ ਇਲਾਕੇ ਦੇ ਲੋਕਾਂ ਦੀ ਮੰਗ ਨੂੰ ਪੂਰਾ ਕਰਦਿਆਂ ਚਨਾਰਥਲ ਕਲਾਂ ਸਬ ਤਹਿਸੀਲ ਬਣੀ, ਜਿਸ ਨਾਲ ਹਲਕੇ ਦੇ ਲੋਕਾਂ ਨੂੰ ਬਹੁਤ ਫਾਇਦਾ ਹੋਇਆ।

ਉਨ੍ਹਾਂ ਇਹ ਵੀ ਦੱਸਿਆ ਕਿ ਚਨਾਰਥਲ ਕਲਾਂ ਦੀ ਅਨਾਜ ਮੰਡੀ ਦੇ ਫੜਾਂ ਦਾ ਵਿਕਾਸ ਕੀਤਾ ਗਿਆ ਅਤੇ ਸੜਕਾਂ ਦਾ ਨਵਨਿਰਮਾਣ ਕੀਤਾ ਗਿਆ। ਚਨਾਰਥਲ ਕਲਾਂ ਨੂੰ ਜਾਂਦੀਆਂ ਸਮੂਹ ਸੜਕਾਂ ਦੀ ਵਿਸ਼ੇਸ਼ ਮੁਰੰਮਤ ਕਰਵਾਈ ਗਈ। ਚਨਾਰਥਲ ਕਲਾਂ ਹਲਕੇ ਦਾ ਸਭ ਤੋਂ ਵੱਡਾ ਪਿੰਡ ਹੈ ਤੇ ਇਸ ਦਾ ਮਿਸਾਲੀ ਵਿਕਾਸ ਕਰਵਾਇਆ ਜਾ ਰਿਹਾ ਹੈ।

ਇਸ ਮੌਕੇ ਮਾਰਕਿਟ ਕਮੇਟੀ ਚਨਾਰਥਲ ਦੇ ਵਾਇਸ ਚੇਅਰਮੈਨ ਇੰਦਰਪਾਲ ਸਿੰਘ, ਸਰਪੰਚ ਜਗਦੀਪ ਸਿੰਘ, ਲਖਵਿੰਦਰ ਸਿੰਘ ਲੱਖੀ, ਪਰਮਵੀਰ ਸਿੰਘ ਟਿਵਾਣਾ, ਗੁਰਪ੍ਰੀਤ ਸਿੰਘ ਬਾਵਾ, ਪਰਮਜੀਤ ਸਿੰਘ ਠੇਕੇਦਾਰ, ਗੁਰਸੇਵਕ ਸਿੰਘ ਸੋਨੀ, ਕਰਮਜੀਤ ਸਿੰਘ, ਰਣਜੀਤ ਸਿੰਘ , ਗੁਰਕ੍ਰਿਪਾਲ ਸਿੰਘ ਸਿੰਘ ਕੱਕੂ, ਕ੍ਰਿਸ਼ਨ ਲਾਲ, ਕੁਲਵੰਤ ਸਿੰਘ, ਭਵਰੀਤ ਸਿੰਘ, ਅਮਨਜੋਤ ਸਿੰਘ ਹਾਜ਼ਰ ਸਨ।

ਕੈਪਸ਼ਨ: ਵਿਧਾਇਕ ਕੁਲਜੀਤ ਸਿੰਘ ਨਾਗਰਾ, ਵਿਕਾਸ ਕਾਰਜਾਂ ਦਾ ਜਾਇਜ਼ਾ ਲੈਂਦੇ ਹੋਏ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਤਹਿਗੜ੍ਹ ਸਾਹਿਬ

ਸੋਸ਼ਲ ਮੀਡੀਆ 'ਤੇ ਲਾਈਵ ਪ੍ਰੋਗਰਾਮ ਤਹਿਤ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਸਰਹਿੰਦ ਵਾਸੀਆਂ ਦੇ ਸਵਾਲ ਦਾ ਦਿੱਤਾ ਜਵਾਬ

ਸਰਹਿੰਦ ਦੇ ਹਰਮਨ ਢਿੱਲੋਂ ਤੇ ਸੂਰਜ ਭਾਰਦਵਾਜ ਨੇ #AskCaptain ਪ੍ਰੋਗਰਾਮ ਤਹਿਤ ਜਿੰਮ ਖੋਲ੍ਹਣ ਸਬੰਧੀ ਪੁੱਛਿਆ ਸੀ ਸਵਾਲ

ਭਾਰਤ ਸਰਕਾਰ ਦੀਆਂ ਹਦਾਇਤਾਂ ਮੁਤਾਬਿਕ ਜਿੰਮ ਖੋਲ੍ਹਣ ਸਬੰਧੀ ਲਿਆ ਜਾਵੇਗਾ ਫੈਸਲਾ

ਫਤਹਿਗੜ੍ਹ ਸਾਹਿਬ, 23 ਮਈ

ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਸੋਸ਼ਲ ਮੀਡੀਆ (ਫੇਸਬੁੱਕ, ਟਵਿਟਰ) ਜ਼ਰੀਏ #AskCaptain ਪ੍ਰੋਗਰਾਮ ਤਹਿਤ ਲਾਈਵ ਹੋ ਕੇ ਸੂਬੇ ਦੇ ਵੱਖ ਵੱਖ ਜ਼ਿਲ੍ਹਿਆਂ ਨਾਲ ਸਬੰਧਤ ਲੋਕਾਂ ਵੱਲੋਂ ਕੋਰੋਨਾ ਮਹਾਂਮਾਰੀ ਸਬੰਧੀ ਪੁੱਛੇ ਸਵਾਲਾਂ ਦੇ ਜਵਾਬ ਦਿੱਤੇ। ਇਸੇ ਤਹਿਤ ਸਰਹਿੰਦ ਦੇ ਹਰਮਨ ਢਿੱਲੋਂ ਤੇ ਸੂਰਜ ਭਾਰਦਵਾਜ ਵੱਲੋਂ ਜਿੰਮ ਖੋਲ੍ਹਣ ਸਬੰਧੀ ਪੁੱਛੇ ਸਵਾਲ ਦਾ ਜਵਾਬ ਦਿੰਦਿਆਂ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਕਿਹਾ ਕਿ ਉਨ੍ਹਾਂ ਨੂੰ ਪਤਾ ਹੈ ਕਿ ਬੱਚੇ ਜਿੰਮ ਜਾਣਾ ਚਾਹੁੰਦੇ ਹਨ ਪਰ ਭਾਰਤ ਸਰਕਾਰ ਵੱਲੋਂ 31 ਮਈ ਤੱਕ ਲਾਕਡਾਊਨ ਕੀਤਾ ਗਿਆ ਹੈ, ਜਿਸ ਤਹਿਤ ਜਿੰਮ,ਹੋਟਲ, ਰੈਸਟੋਰੈਂਟ, ਮੈਰਿਜ ਪੈਲੇਸ ਆਦਿ ਖੋਲ੍ਹਣ 'ਤੇ ਰੋਕ ਲਾਈ ਗਈ ਹੈ।

ਉਨ੍ਹਾਂ ਕਿਹਾ ਕਿ ਕੋਰੋਨਾ ਨੈਸ਼ਨਲ ਡਿਜ਼ਾਸਟਰ ਹੋਣ ਕਾਰਨ ਨੈਸ਼ਨਲ ਡਿਜ਼ਾਸਟਰ ਐਕਟ ਤਹਿਤ ਇਸ ਸਬੰਧੀ ਭਾਰਤ ਸਰਕਾਰ ਵੱਲੋਂ ਦਿਸ਼ਾ ਨਿਰਦੇਸ਼ ਜਾਰੀ ਕੀਤੇ ਜਾਂਦੇ ਹਨ। ਉਨ੍ਹਾਂ ਕਿਹਾ ਕਿ 31 ਮਈ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਇਸ ਸਬੰਧੀ ਫੈਸਲੇ ਲਏ ਜਾ ਸਕਦੇ ਹਨ।

ਉਨ੍ਹਾਂ ਕਿਹਾ ਕਿ 31 ਮਈ ਨੂੰ ਭਾਰਤ ਸਰਕਾਰ ਵੱਲੋਂ ਜੋ ਵੀ ਦਿਸ਼ਾ ਨਿਰਦੇਸ਼ ਜਾਰੀ ਕੀਤੇ ਜਾਣਗੇ, ਉਸ ਮੁਤਾਬਿਕ ਹੀ ਜਿੰਮ, ਹੋਟਲ, ਰੈਸਟੋਰੈਂਟ, ਮੈਰਿਜ ਪੈਲੇਸਾਂ ਸਬੰਧੀ ਅਗਲੇਰੇ ਕਦਮ ਚੁੱਕੇ ਜਾਣਗੇ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਕੋਰੋਨਾ ਵਾਇਰਸ ਤੋਂ ਬਚਾਅ ਲਈ ਉਹ ਮਾਸਕ ਪਾਉਣ ਅਤੇ ਸਮਾਜਿਕ ਵਿੱਥ ਸਬੰਧੀ ਕਿਸੇ ਕਿਸਮ ਦੀ ਢਿੱਲ ਨਾ ਵਰਤਣ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਕੇਰਲਾ ਤੋਂ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਦੇ 28 ਵਿਅਕਤੀ ਵਿਸ਼ੇਸ਼ ਰੇਲ ਗੱਡੀ ਰਾਹੀਂ ਸਰਹਿੰਦ ਰੇਲਵੇ ਸਟੇਸ਼ਨ ਪੁੱਜੇ

ਤੈਅ ਪ੍ਰਕਿਰਿਆ ਮੁਕੰਮਲ ਹੋਣ ਉਪਰੰਤ ਯਾਤਰੀ ਸਬੰਧਤ ਜ਼ਿਲ੍ਹਿਆਂ ਨੂੰ ਭੇਜੇ

ਫ਼ਤਹਿਗੜ੍ਹ ਸਾਹਿਬ, 23 ਮਈ :

ਕੋਰੋਨਾ ਵਾਇਰਸ ਕਾਰਨ ਪੈਦਾ ਹੋਏ ਹਾਲਾਤ ਕਾਰਨ ਕੇਰਲਾ ਵਿੱਚ ਫਸੇ ਪੰਜਾਬ ਵਾਸੀਆਂ ਵਿੱਚੋਂ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਦੇ 28 ਵਿਅਕਤੀ ਇਕ ਵਿਸੇਸ਼ ਰੇਲ ਗੱਡੀ ਰਾਹੀਂ ਸਰਹਿੰਦ ਰੇਲਵੇ ਸਟੇਸ਼ਨ ਪੁੱਜੇ, ਜਿੱਥੇ ਤੈਅ ਪ੍ਰਕਿਰਿਆ ਮੁਕੰਮਲ ਹੋਣ ਉਪਰੰਤ ਯਾਤਰੀ ਸਬੰਧਤ ਜਿਲ੍ਹਿਆਂ ਨੂੰ ਭੇਜੇ ਗਏ।

ਸਰਹਿੰਦ ਰੇਲਵੇ ਸਟੇਸ਼ਨ ’ਤੇ ਉਤਰੇ ਯਾਤਰੀਆਂ ਨੇ ਉਨ੍ਹਾਂ ਦੀ ਮਦਦ ਲਈ ਕੀਤੇ ਉਪਰਾਲਿਆਂ ਲਈ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ। ਜ਼ਿਕਰਯੋਗ ਹੈ ਕਿ ਪੰਜਾਬ ਸਰਕਾਰ ਨੇ ਜਿੱਥੇ ਪ੍ਰਵਾਸੀਆਂ ਨੂੰ ਆਪਣੇ ਜੱਦੀ ਸੂਬਿਆਂ ਵਿੱਚ ਭੇਜਣ ਲਈ ਵਿਸ਼ੇਸ਼ ਰੇਲ ਗੱਡੀਆਂ ਚਲਾਈਆਂ, ਉਥੇ ਪੰਜਾਬ ਤੋਂ ਬਾਹਰਲੇ ਸੂਬਿਆਂ ਵਿੱਚ ਫਸੇ ਲੋਕਾਂ ਨੂੰ ਵਾਪਸ ਲਿਆਉਣ ਲਈ ਵਿਸ਼ੇਸ਼ ਉਪਰਾਲੇ ਲਗਾਤਾਰ ਜਾਰੀ ਹਨ।

ਇਸ ਬਾਰੇ ਸਹਾਇਕ ਕਮਿਸ਼ਨਰ (ਜਨਰਲ) ਜਸਪ੍ਰੀਤ ਸਿੰਘ ਨੇ ਦੱਸਿਆ ਕਿ ਇਸ ਮੌਕੇ ਕੋਰੋਨਾ ਤੋਂ ਬਚਾਅ ਸਬੰਧੀ ਸਾਰੀਆਂ ਸਾਵਧਾਨੀਆਂ ਦੀ ਪਾਲਣਾ ਯਕੀਨੀ ਬਣਾਈ ਗਈ ਅਤੇ ਯਾਤਰੀਆਂ ਨੂੰ ਕੋਈ ਦਿੱਕਤ ਨਹੀਂ ਆਉਣ ਦਿੱਤੀ ਗਈ।

ਕੈਪਸ਼ਨ: ਕੇਰਲਾ ਤੋਂ ਸਰਹਿੰਦ ਰੇਲਵੇ ਸਟੇਸ਼ਨ ਪੁੱਜੇ ਯਾਤਰੀ I